ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਜ਼ਿਲ੍ਹੇ ਦੀਆਂ ਮੰਡੀਆਂ 'ਚ ਹੁਣ ਤੱਕ 9806 ਮੀਟ੍ਰਿਕ ਟਨ ਝੋਨੇ ਦੀ ਹੋਈ ਆਮਦ -ਈਸ਼ਾ ਕਾਲੀਆ

### 6192 ਮੀਟ੍ਰਿਕ ਟਨ ਝੋਨੇ ਦੀ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਕੀਤੀ ਗਈ ਖਰੀਦ

### ਕਿਸਾਨਾਂ ਨੂੰ ਨਹੀਂ ਆਉਣ ਦਿੱਤੀ ਜਾਵੇਗੀ ਕੋਈ ਮੁਸ਼ਕਲ

### ਮੰਡੀਆਂ 'ਚ ਸੁੱਕਾ ਝੋਨਾ ਲਿਆਉਣ ਦੀ ਅਪੀਲ

ਫਾਜ਼ਿਲਕਾ 4 ਅਕਤੂਬਰ

ਡਿਪਟੀ ਕਮਿਸਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ 'ਚ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਬੀਤੀ ਸਾਮ ਤੱਕ ਮੰਡੀਆਂ ਵਿੱਚ 9806 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ ਤੇ 6192 ਮੀਟ੍ਰਿਕ ਟਨ ਝੋਨੇ ਦੀ ਖਰੀਦ ਵੀ ਕੀਤੀ ਜਾ ਚੁੱਕੀ ਹੈ।

ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਖਰੀਦ ਕੀਤੇ ਗਏ ਝੋਨੇ ਦਾ ਵੇਰਵਾ ਦਿੰਦਿਆਂ ਦੱਸਿਆ ਕਿ ਬੀਤੇ ਦਿਨ ਤੱਕ ਪਨਗ੍ਰੇਨ ਵੱਲੋ 1870 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 1405 ਮੀਟ੍ਰਿਕ ਟਨ, ਪਨਸਪ ਵੱਲੋਂ 600 ਮੀਟ੍ਰਿਕ ਟਨ, ਵੇਅਰਹਾਉਸ ਵੱਲੋਂ 402 ਮੀਟ੍ਰਿਕ ਟਨ ਅਤੇ ਪ੍ਰਾਇਵੇਟ ਵਪਾਰੀਆਂ ਵੱਲੋਂ 1915 ਮੀਟ੍ਰਿਕ ਟਨ ਝੋਨਾ ਖਰੀਦ ਕੀਤਾ ਗਿਆ।

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਮੰਡੀਆਂ 'ਚ ਸੁੱਕਾ ਝੋਨਾ ਲਿਆਉਣ ਦੀ ਅਪੀਲ ਕੀਤੀ, ਤਾਂ ਜੋ ਉਨ੍ਹਾਂ ਨੂੰ ਆਪਣੀ ਢੇਰੀ ਵੇਚਣ ਲਈ ਮੰਡੀਆਂ ਵਿੱਚ ਜ਼ਿਆਦਾ ਦੇਰ ਰੁਕਣਾ ਨਾ ਪਵੇ। ਇਸ ਦੇ ਨਾਲ-ਨਾਲ ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਫਸਲ ਪੱਕਣ ਉਪਰੰਤ ਹੀ ਮੰਡੀਆਂ ਵਿੱਚ ਲਿਆਈ ਜਾਵੇ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਜ਼ਿਆਦਾ ਨਮੀ ਵਾਲੇ ਝੋਨੇ ਦੀ ਢੇਰੀ ਨਹੀਂ ਲੱਗਣ ਦਿੱਤੀ ਜਾਵੇਗੀ।